**ਰਾਜਾ ਰਾਮ ਤੂੰ ਐਸਾ ਨਿਰਭਉ ਤਰਨ ਤਾਰਨ ਰਾਮ ਰਾਇਆ ॥ ੧॥ ਰਹਾਉ ॥ ਜਬ ਹਮ ਹੋਤੇ ਤਬ ਤੁਮ ਨਾਹੀ ਅਬ ਤੁਮ ਹਹੁ ਹਮ ਨਾਹੀ ॥ ਅਬ ਹਮ ਤੁਮ ਏਕ ਭਏ ਹਹਿ ਏਕੈ ਦੇਖਤ ਮਨੁ ਪਤੀਆਹੀ ॥੧॥ ਜਬ ਬੁਧਿ ਹੋਤੀ ਤਬ ਬਲੁ ਕੈਸਾ ਅਬ ਬੁਧਿ ਬਲੁ ਨ ਖਟਾਈ ॥ ਕਹਿ ਕਬੀਰ ਬੁਧਿ ਹਰਿ ਲਈ ਮੇਰੀ ਬੁਧਿ ਬਦਲੀ ਸਿਧਿ ਪਾਈ ॥੨॥੨੧॥੭੨॥** {ਪੰਨਾ 339}

ਪਦਅਰਥ:- ਰਾਜਾ ਰਾਮ—ਹੇ ਸਭ ਦੇ ਮਾਲਕ ਪ੍ਰਭੂ! ਐਸਾ—ਇਹੋ ਜਿਹੇ ਸੁਭਾਵ ਵਾਲਾ, ਅਨੋਖਾ ਜਿਹਾ। ਤਰਨ—ਬੇੜੀ, ਜਹਾਜ਼। ਤਰਨ ਤਾਰਨ—ਸਭ ਜੀਵਾਂ ਨੂੰ ਤਾਰਨ ਲਈ ਜਹਾਜ਼।1। ਰਹਾਉ।

ਪਤੀਆਹੀ—ਪਤੀਜ ਗਿਆ ਹੈ, ਮੰਨ ਗਿਆ ਹੈ ਕਿ ਤੂੰ ਹੀ ਤੂੰ ਹੈਂ ਅਸੀਂ ਤੈਥੋਂ ਵੱਖਰੇ ਕੁਝ ਭੀ ਨਹੀਂ ਹਾਂ।1।

ਬਲੁ ਕੈਸਾ—ਕੇਹਾ ਬਲ ਹੋ ਸਕਦਾ ਸੀ? (ਭਾਵ, ਸਾਡੇ ਅੰਦਰ ਆਤਮਕ ਬਲ ਨਹੀਂ ਸੀ)। ਨ ਖਟਾਈ—ਸਮਾਈ ਨਹੀਂ ਹੈ। ਹਰਿ ਲਈ—ਖੋਹ ਲਈ ਹੈ।2।

ਅਰਥ:- ਹੇ ਸਭ ਦੇ ਮਾਲਕ ਪ੍ਰਭੂ! ਹੇ ਸਭ ਜੀਵਾਂ ਨੂੰ ਤਾਰਨ ਲਈ ਸਮਰੱਥ ਰਾਮ! ਹੇ ਸਭ ਵਿਚ ਵਿਆਪਕ ਪ੍ਰਭੂ! ਤੂੰ ਕਿਸੇ ਤੋਂ ਡਰਦਾ ਨਹੀਂ ਹੈਂ; ਤੇਰਾ ਸੁਭਾਵ ਕੁਝ ਅਨੋਖਾ ਹੈ।1। ਰਹਾਉ।

ਜਿਤਨਾ ਚਿਰ ਅਸੀਂ ਕੁਝ ਬਣੀ ਫਿਰਦੇ ਹਾਂ (ਭਾਵ, ਹਉਮੈ ਅਹੰਕਾਰ ਕਰਦੇ ਹਾਂ) ਤਦ ਤਕ (ਹੇ ਪ੍ਰਭੂ!) ਤੂੰ ਸਾਡੇ ਅੰਦਰ ਪਰਗਟ ਨਹੀਂ ਹੁੰਦਾ (ਆਪਣਾ ਚਾਨਣ ਨਹੀਂ ਕਰਦਾ), ਪਰ ਜਦੋਂ ਹੁਣ ਤੂੰ ਆਪ (ਸਾਡੇ ਵਿਚ) ਨਿਵਾਸ ਕੀਤਾ ਹੈ ਤਾਂ ਸਾਡੇ ਵਿਚ ਉਹ ਪਹਿਲੀ ਹਉਮੈ ਨਹੀਂ ਰਹੀ। ਹੁਣ (ਹੇ ਪ੍ਰਭੂ!) ਤੂੰ ਤੇ ਅਸੀਂ ਇੱਕ-ਰੂਪ ਹੋ ਗਏ ਹਾਂ, ਹੁਣ ਤੈਨੂੰ ਵੇਖ ਕੇ ਸਾਡਾ ਮਨ ਮੰਨ ਗਿਆ ਹੈ (ਕਿ ਤੂੰ ਹੀ ਤੂੰ ਹੈਂ, ਤੈਥੋਂ ਵੱਖਰੇ ਅਸੀਂ ਕੁਝ ਭੀ ਨਹੀਂ ਹਾਂ)।1।

(ਹੇ ਪ੍ਰਭੂ!) ਜਿਤਨਾ ਚਿਰ ਅਸਾਂ ਜੀਵਾਂ ਵਿਚ ਆਪਣੀ ਅਕਲ (ਦੀ ਹਉਮੈ) ਹੁੰਦੀ ਹੈ ਉਤਨਾ ਚਿਰ ਸਾਡੇ ਵਿਚ ਕੋਈ ਆਤਮਕ ਬਲ ਨਹੀਂ ਹੁੰਦਾ (ਭਾਵ, ਸਹਿਮੇ ਹੀ ਰਹਿੰਦੇ ਹਾਂ), ਪਰ ਹੁਣ (ਜਦੋਂ ਤੂੰ ਆਪ ਸਾਡੇ ਵਿਚ ਆ ਪ੍ਰਗਟਿਆ ਹੈਂ) ਸਾਡੀ ਆਪਣੀ ਅਕਲ ਤੇ ਬਲ ਦਾ ਮਾਣ ਨਹੀਂ ਰਿਹਾ।

ਕਬੀਰ ਆਖਦਾ ਹੈ—(ਹੇ ਪ੍ਰਭੂ!) ਤੂੰ ਮੇਰੀ (ਹਉਮੈ ਵਾਲੀ) ਅਕਲ ਖੋਹ ਲਈ ਹੈ, ਹੁਣ ਉਹ ਅਕਲ ਬਦਲ ਗਈ ਹੈ (ਭਾਵ, 'ਮੈਂ ਮੈਂ' ਛੱਡ ਕੇ 'ਤੂੰ ਹੀ ਤੂੰ' ਕਰਨ ਵਾਲੀ ਹੋ ਗਈ ਹੈ, ਇਸ ਵਾਸਤੇ ਮਨੁੱਖਾ ਜਨਮ ਦੇ ਮਨੋਰਥ ਦੀ) ਸਿੱਧੀ ਹਾਸਲ ਹੋ ਗਈ ਹੈ।2। 21। 72।

ਸ਼ਬਦ ਦਾ ਭਾਵ:- ਜਿਤਨਾ ਚਿਰ ਮਨੁੱਖ ਦੇ ਅੰਦਰ ਹਉਮੈ ਹੈ, ਪ੍ਰਭੂ ਦਾ ਪ੍ਰਕਾਸ਼ ਨਹੀਂ ਹੋ ਸਕਦਾ। ਜਦੋਂ ਉਹ ਆਪ ਅੰਦਰ ਆ ਵੱਸਦਾ ਹੈ ਤਾਂ ਹਉਮੈ ਨਾਸ ਹੋ ਜਾਂਦੀ ਹੈ ਤੇ ਹਉਮੈ ਨੂੰ ਦੂਰ ਕਰਨਾ ਹੀ ਮਨੁੱਖਾ ਜਨਮ ਦਾ ਮਨੋਰਥ ਹੈ। 72।

ਨੋਟ:- ਰਵਿਦਾਸ ਜੀ ਸੋਰਠ ਵਿਚ ਲਿਖਦੇ ਹਨ:

'ਜਬ ਹਮ ਹੋਤੇ ਤਬ ਤੂ ਨਾਹੀ ਅਬ ਤੂ ਹੀ ਮੈ ਨਾਹੀ। '

ਇਸ ਤੁਕ ਨੂੰ ਕਬੀਰ ਜੀ ਦੇ ਇਸ ਸ਼ਬਦ ਦੇ ਅੰਕ ਨੰ: 1 ਦੀ ਪਹਿਲੀ ਤੁਕ ਨਾਲ ਮੇਲੋ। ਲਫ਼ਜ਼ਾਂ ਦੀ ਇਹ ਸਾਂਝ ਸਬੱਬ ਨਾਲ ਨਹੀਂ ਬਣ ਗਈ। ਕਬੀਰ ਤੇ ਰਵਿਦਾਸ ਜੀ ਬਨਾਰਸ ਦੇ ਰਹਿਣ ਵਾਲੇ ਸਨ, ਸਮਕਾਲੀ ਭੀ ਸਨ। ਹਮ-ਖ਼ਿਆਲ ਹੋਣ ਕਰਕੇ ਦੋਵੇਂ ਆਪੋ ਵਿਚ ਮੇਲਜੋਲ ਭੀ ਜ਼ਰੂਰ ਰੱਖਦੇ ਹੋਣਗੇ।